# ਸਰਕਾਰੀ ਆਈਟੀਆਈ 'ਚ ਸਕਿੱਲ ਮੁਕਾਬਲੇ ਕਰਵਾਏ

ਬੱਲੂ ਮਹਿਤਾ, ਪੱਟੀ




**ਸਮਾਗਮ ਦੀ ਸ਼ੁਰੂਆਤ ਕਰਦੇ ਹੋਏ ਪ੍ਰਿੰਸੀਪਲ ਵਿਜੈ ਕੁਮਾਰ ਅਤੇ ਸਟਾਫ਼।** ਪੰਜਾਬੀ ਜਾਗਰਣ

ਆਈਟੀਆਈ ਪੱਟੀ 'ਚ ਸਿਖਿਆਰਥੀਆਂ ਦੇ ਸਕਿੱਲ ਪ੍ਰਾਜੈਕਟ ਮੁਕਾਬਲੇ ਕਰਵਾਏ ਗਏ, ਜਿਸ ਵਿਚ ਚੱਲ ਰਹੀਆਂ ਟਰੇਡਾਂ ਦੇ ਸਿਖਿਆਰਥੀਆਂ ਵੱਲੋਂ ਆਪਣੀ-ਆਪਣੀ ਟਰੇਡ ਨਾਲ ਸਬੰਧਿਤ ਵੱਖ-ਵੱਖ ਪ੍ਰਾਜੈਕਟ ਤਿਆਰ ਕਰ ਕੇ ਟਰੇਡ ਵਾਈਜ਼ ਮੁਕਾਬਲੇ ਪੇਸ਼ ਕੀਤੇ। ਅੱਵਲ ਆਉਣ ਵਾਲੇ ਸਿਖਿਆਰਥੀਆਂ ਨੂੰ ਪ੍ਰਿੰਸੀਪਲ ਵੱਲੋਂ ਇਨਾਮ ਦਿੱਤੇ ਗਏ।

ਸਿਖਿਆਰਥੀਆਂ ਦੇ ਇਨ੍ਹਾਂ ਮੁਕਾਬਲਿਆਂ ਦੇ ਰਿਜ਼ਲਟ ਘੋਸ਼ਿਤ ਕਰਨ ਤੋਂ ਬਾਅਦ ਸੰਸਥਾ ਦੇ ਟ੍ਰੇਨਿੰਗ ਅਫਸਰਾਂ ਵੱਲੋਂ ਆਈਟੀਆਈ ਪਾਸ ਕਰਨ ਦੇ ਲਾਭਾਂ ਤੋਂ ਜਾਣੂ ਕਰਵਾਇਆ ਗਿਆ। ਇਸ ਉਪਰੰਤ ਸੰਸਥਾ ਦੇ ਪ੍ਰਿੰਸੀਪਲ ਵਿਜੈ ਕੁਮਾਰ ਵੱਲੋਂ ਸਵੀਪ ਸਰਗਰਮੀਆਂ ਤਹਿਤ ਸਿਖਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਲੋਕ ਸਭਾ ਇਲੈਕਸ਼ਨ ਦੌਰਾਨ ਆਪਣੀ ਵੋਟ ਬਿਨਾਂ ਕਿਸੇ ਲਾਲਚ, ਜਾਤ ਪਾਤ, ਧਰਮ, ਭੇਦਭਾਵ ਅਤੇ ਬਿਨਾਂ ਕਿਸੇ ਦਬਾਅ ਦੇ ਨਿਰਪੱਖ ਹੋ ਕੇ ਵੋਟ ਦਾ ਜ਼ਰੂਰੀ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਸਮੂਹ ਸਿਖਿਆਰਥੀਆਂ ਤੋਂ ਇਲਾਵਾ ਸੰਸਥਾ ਦੇ ਸਮੂਹ ਟ੍ਰੇਨਿੰਗ ਅਫਸਰ ਕੁਲਦੀਪ ਸਿੰਘ, ਜਸਵਿੰਦਰ ਸਿੰਘ, ਰਣਜੀਤ ਸਿੰਘ, ਜਗਦੀਪ ਸਿੰਘ, ਜਰਨੈਲ ਸਿੰਘ, ਸੁਖਜਿੰਦਰ ਸਿੰਘ ਅਤੇ ਕਰਾਫਟ ਇੰਸਟ੍ਰਕਟਰ ਬਲਜੀਤ ਸਿੰਘ, ਹਰਪਾਲ ਸਿੰਘ, ਇੰਦਰਪਾਲ ਸਿੰਘ, ਜਸਪਾਲ ਸਿੰਘ, ਸੁਖਦੇਵ ਸਿੰਘ, ਗੁਰਮੀਤ ਮਸੀਹ, ਜ਼ੋਰਾ ਸਿੰਘ, ਜਗਦੀਪ ਸਿੰਘ, ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਰਛਪਾਲ ਕੌਰ ਆਦਿ ਹਾਜ਼ਰ ਸਨ।